# ELECTION CELL

## Electoral Registration Officer,

**093-BATHINDA RURAL(SC)**

Phone/Fax No. 0164-5005429
Zila Parishad Complex-214
email:: bathindarural093ac@gmail.com

No ਚਸ/2024 /635 Dated 16/8/24

ਵੱਲ,

1. ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ), ਬਠਿੰਡਾ
2. ਜ਼ਿਲ੍ਹਾ ਸਿੱਖਿਆ ਅਫਸਰ (ਐਲੀ.), ਬਠਿੰਡਾ।
3. ਸਬੰਧਤ ਵਿਭਾਗਾਂ ਦੇ ਮੁਖੀ।

   ਬਠਿੰਡਾ।

ਵਿਸ਼ਾ:- Door to Door Survey by BLOs during SSR-2025-Regarding.

ਹਵਾਲਾ: ਜ਼ਿਲ੍ਹਾ ਚੋਣ ਅਫਸਰ, ਬਠਿੰਡਾ ਜੀ ਦੇ ਦਫਤਰੀ ਪੱਤਰ ਨੰ: ਚੋਣ-2024/5814-19 ਮਿਤੀ 14-08-2024 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਆਪ ਸਭ ਨੂੰ ਲਿਖਿਆ ਜਾਂਦਾ ਹੈ ਕਿ ਮਾਣਯੋਗ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਜੀ ਵੱਲੋਂ ਯੋਗਤਾ ਮਿਤੀ 01-01-2025 ਦੇ ਆਧਾਰ ਤੇ Pre-Revision Activities ਦਾ Schedule (ਨੱਥੀ) ਪ੍ਰਾਪਤ ਹੋਇਆ ਹੈ। ਜਿਸ ਅਨੁਸਾਰ ਬੀ.ਐਲ.ਓ. ਵੱਲੋਂ ਮਿਤੀ 20-08-2024 ਤੋਂ ਮਿਤੀ 20-09-2024 ਤੱਕ ਘਰ-ਘਰ ਜਾ ਕੇ ਸਰਵੇ ਕੀਤਾ ਜਾਣਾ ਹੈ ਅਤੇ ਫਾਰਮ ਨੰ: 6, 6ਏ, 6ਬੀ, 7 ਅਤੇ 8 ਭਰੇ ਜਾਣੇ ਹਨ। ਉਕਤ ਅਨੁਸਾਰ ਬੀ.ਐਲ.ਓ. ਵੱਲੋਂ ਘਰ-ਘਰ ਜਾ ਕੇ ਕੀਤੇ ਜਾਣ ਵਾਲੇ ਸਰਵੇ ਦੇ ਕੰਮ ਨੂੰ ਮੁੱਖ ਰੱਖਦਿਆਂ ਸਮੂਹ ਦਫਤਰੀ ਸਟਾਫ/ਸਕੂਲ ਦੇ ਟੀਚਿੰਗ/ਨਾਨ ਟੀਚਿੰਗ ਸਟਾਫ ਜਿਨ੍ਹਾਂ ਦੀ ਡਿਊਟੀ 093-ਬਠਿੰਡਾ ਦਿਹਾਤੀ ਵਿਧਾਨ ਸਭਾ ਹਲਕੇ ਅਧੀਨ ਬਤੌਰ ਬੀ.ਐਲ.ਓ. ਲੱਗੀ ਹੋਈ ਹੈ ਉਨ੍ਹਾਂ ਨੂੰ ਸ਼ਡਿਊਲ ਅਨੁਸਾਰ ਦਿਨ ਮੰਗਲਵਾਰ ਅਤੇ ਵੀਰਵਾਰ ਨੂੰ (ਮਿਤੀ 20-08-2024 ਤੋਂ 20-09-2024 ਤੱਕ) ਚੋਣ ਡਿਊਟੀ ਲਈ ਦਫਤਰੀ/ਸਕੂਲ ਦੀ ਡਿਊਟੀ ਤੋਂ ਫਾਰਗ ਕੀਤਾ ਜਾਵੇ। ਜੇਕਰ ਕਿਸੇ ਸਕੂਲ ਵਿੱਚ ਇੱਕ ਜਾਂ ਇੱਕ ਤੋਂ ਵੱਧ ਅਧਿਆਪਕਾਂ ਦੀ ਡਿਊਟੀ ਬਤੌਰ ਬੀ.ਐਲ.ਓ. ਲੱਗੀ ਹੋਈ ਹੈ ਤਾਂ ਉਹ ਆਪਣਾ ਰੋਸਟਰ ਬਣਾ ਲੈਣ ਤਾਂ ਜੋ ਸਕੂਲ ਨੂੰ ਖਾਲੀ ਨਾ ਛੱਡਿਆ ਜਾਵੇ। ਜੇਕਰ ਕਿਸੇ ਸਕੂਲ ਵਿੱਚ ਇੱਕ ਹੀ ਅਧਿਆਪਕ ਹੈ ਤੇ ਉਹ ਬੀ.ਐਲ.ਓ. ਲੱਗਿਆ ਹੋਇਆ ਹੈ ਤਾਂ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰ/ਐਲੀ) ਸਬੰਧਤ ਬੀ.ਪੀ.ਈ.ਓਜ਼ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਉਸ ਸਕੂਲ ਵਿੱਚ ਅਧਿਆਪਕ ਦਾ ਪ੍ਰਬੰਧ ਕਰਨ ਦੇ ਜ਼ਿੰਮੇਵਾਰ ਹੋਣਗੇ ਤਾਂ ਜੋ ਡੋਰ ਟੂ ਡੋਰ ਸਰਵੇ ਦੇ ਕੰਮ ਮਿੱਥੇ ਸਮੇਂ ਵਿੱਚ ਮੁਕੰਮਲ ਕੀਤਾ ਜਾ ਸਕੇ। ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।ਨੱਥੀ: ਪ੍ਰਾਪਤ ਪੱਤਰ ਅਤੇ ਹਦਾਇਤਾਂ

ਚੋਣਕਾਰ ਰਜਿਸਟਰੇਸ਼ਨ ਅਫਸਰ,
093-ਬਠਿੰਡਾ ਦਿਹਾਤੀ।

ਪਿੱਠ ਅੰਕਣ ਨੰ. ਚਸ/2024/ ਮਿਤੀ 16/08/2024

ਉਪਰੋਕਤ ਦਾ ਉਤਾਰਾ:

1. ਜ਼ਿਲ੍ਹਾ ਚੋਣ ਅਫਸਰ, ਬਠਿੰਡਾ ਜੀ ਨੂੰ ਸੂਚਨਾਂ ਹਿੱਤ।
2. ਸਮੂਹ ਸੁਪਰਵਾਈਜ਼ਰ, 093-ਬਠਿੰਡਾ ਦਿਹਾਤੀ ਵਿਧਾਨ ਸਭਾ ਹਲਕਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਅਧੀਨ ਕੰਮ ਕਰਦੇ ਸਮੂਹ ਬੀ.ਐਲ.ਓ. ਵੱਲੋਂ ਉਕਤ ਸਰਵੇ ਨਿਰਧਾਰਿਤ ਕੀਤੇ ਗਏ ਸਮੇਂ ਦੇ ਅੰਦਰ-ਅੰਦਰ ਮਾਨਯੋਗ ਪੰਜਾਬ ਚੋਣ ਕਮਿਸ਼ਨ ਦੇ ਪੱਤਰ ਨੰ: Elec-2024/P-7952 ਮਿਤੀ 14-08-2024 (ਕਾਪੀ ਨੱਥੀ) ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਕਰਵਾਉਣਾ ਯਕੀਨੀ ਬਣਾਇਆ ਜਾਵੇ। ਜੇਕਰ ਉਕਤ ਸਰਵੇ ਸਬੰਧੀ ਕੰਮ ਕਰਨ ਵਿੱਚ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਨਿਮਨਹਸਤਾਖਰ ਨੂੰ ਲਿਖਤੀ ਤੌਰ ਤੇ ਜਾਣੂ ਕਰਵਾਇਆ ਜਾਵੇ।
3. ਸਮੂਹ ਬੀ.ਐਲ.ਓ. 093-ਬਠਿੰਡਾ ਦਿਹਾਤੀ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਯੋਗਤਾ ਮਿਤੀ 01-01-2025 ਦੇ ਆਧਾਰ ਤੇ Pre-Revision Activities ਦੇ ਸਬੰਧ ਵਿੱਚ ਮਾਨਯੋਗ ਪੰਜਾਬ ਚੋਣ ਕਮਿਸ਼ਨ ਦੇ ਪੱਤਰ ਨੰ: Elec-2024/P-7952 ਮਿਤੀ 14-08-2024 (ਕਾਪੀ ਨੱਥੀ) ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਮਿਤੀ 20-08-2024 ਤੋਂ 20-09-2024 ਤੱਕ ਘਰ-ਘਰ ਜਾ ਕੇ ਸਰਵੇ ਦਾ ਕੰਮ ਮੁਕੰਮਲ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
093-ਬਠਿੰਡਾ ਦਿਹਾਤੀ।

Scanned with CamScanner

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ ਜੀ 1/1 ( )2024/ 6073 ਮਿਤੀ: 19/08/24

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।